**ਮਃ ੧ ॥ ਨਾਵਣ ਚਲੇ ਤੀਰਥੀ ਮਨਿ ਖੋਟੈ ਤਨਿ ਚੋਰ ॥ ਇਕੁ ਭਾਉ ਲਥੀ ਨਾਤਿਆ ਦੁਇ ਭਾ ਚੜੀਅਸੁ ਹੋਰ ॥ ਬਾਹਰਿ ਧੋਤੀ ਤੂਮੜੀ ਅੰਦਰਿ ਵਿਸੁ ਨਿਕੋਰ ॥ ਸਾਧ ਭਲੇ ਅਣਨਾਤਿਆ ਚੋਰ ਸਿ ਚੋਰਾ ਚੋਰ ॥੨॥**

ਪਦਅਰਥ:- ਮਨਿ ਖੋਟੈ—ਖੋਟੇ ਮਨ ਨਾਲ। ਤਨਿ—ਸਰੀਰ ਵਿਚ। ਚੋਰ—ਕਾਮਾਦਿਕ ਚੋਰ। ਇਕੁ ਭਾਉ—ਇੱਕ ਹਿੱਸਾ। ਲਥੀ—(ਮੈਲ) ਲਹਿ ਗਈ। ਦੁਇ ਭਾ—ਦੋ ਹਿੱਸੇ। ਹੋਰ—ਹੋਰ ਮੈਲ। ਤੂੰਮੜੀ—ਤੁੰਮੀ। ਵਿਸੁ—ਜ਼ਹਿਰ। ਨਿਕੋਰ—ਨਿਰੋਲ।

ਅਰਥ:- ਜੇ ਖੋਟੇ ਮਨ ਨਾਲ ਤੀਰਥਾਂ ਤੇ ਨ੍ਹਾਉਣ ਤੁਰ ਪਏ ਤੇ ਸਰੀਰ ਵਿਚ ਕਾਮਾਦਿਕ ਚੋਰ ਭੀ ਟਿਕੇ ਰਹੇ, ਤਾਂ ਨ੍ਹਾਉਣ ਨਾਲ ਇਕ ਹਿੱਸਾ (ਭਾਵ, ਸਰੀਰ ਦੀ ਬਾਹਰਲੀ) ਮੈਲ ਤਾਂ ਲਹਿ ਗਈ ਪਰ (ਮਨ ਵਿਚ ਅਹੰਕਾਰ ਆਦਿਕ ਦੀ) ਦੂਣੀ ਮੈਲ ਹੋਰ ਚੜ੍ਹ ਗਈ, (ਤੁੰਮੀ ਵਾਲਾ ਹਾਲ ਹੀ ਹੋਇਆ) ਤੁੰਮੀ ਬਾਹਰੋਂ ਤਾਂ ਧੋਤੀ ਗਈ, ਪਰ ਉਸ ਦੇ ਅੰਦਰ ਨਿਰੋਲ ਵਿਸੁ (ਭਾਵ, ਕੌੜੱਤਣ) ਟਿਕੀ ਰਹੀ।

ਭਲੇ ਮਨੁੱਖ (ਤੀਰਥਾਂ ਤੇ) ਨ੍ਹਾਉਣ ਤੋਂ ਬਿਨਾ ਹੀ ਭਲੇ ਹਨ, ਤੇ ਚੋਰ (ਤੀਰਥਾਂ ਤੇ ਨ੍ਹਾ ਕੇ ਭੀ) ਚੋਰ ਹੀ ਹਨ।2।